# ਬਾਬਾ ਫਰੀਦ ਬਾਣੀ ਦੀ ਸਮਕਾਲੀਨ ਸਾਰਥਕਤਾ ਤੇ ਪ੍ਰਾਸੰਗਿਕਤਾ

## (ਗੁਰਬਾਣੀ ਅਤੇ ਭਗਤ ਬਾਣੀ ਦੇ ਵਿਸ਼ੇਸ਼ ਸੰਦਰਭ ਵਿਚ)

ਡਾ. ਜਗਬੀਰ ਸਿੰਘ*

ਬਾਬਾ ਫਰੀਦ ਭਾਰਤ ਦੇ ਉਨ੍ਹਾਂ ਮਹਾਨ ਸੂਫ਼ੀ ਦਰਵੇਸ਼ਾਂ ਵਿਚੋਂ ਹੋਏ ਹਨ ਜਿਨ੍ਹਾਂ ਨੇ ਆਪਣੇ ਮਿੱਠੇ ਸ਼ਾਇਰਾਨਾ ਕਲਾਮ ਅਤੇ ਰੂਹਾਨੀ ਸੰਦੇਸ਼ ਰਾਹੀਂ ਪੰਜਾਬੀ ਅਦਬ ਦੀ ਸੂਫ਼ੀਆਨਾ ਰਵਾਇਤ ਦਾ ਮੁੱਢ ਬੰਨਿਆਂ। ਇਨ੍ਹਾਂ ਦਾ ਕਲਾਮ ਸਿੱਖ ਧਰਮ ਦੇ ਅਦੁੱਤੀ ਪਾਵਨ ਗ੍ਰੰਥ, ਗੁਰੂ ਗ੍ਰੰਥ ਸਾਹਿਬ, ਵਿਚ ਸ਼ਾਮਿਲ ਹੈ। ਅੱਜ ਤੋਂ ਚਾਰ ਸੌ ਸਾਲ ਪਹਿਲਾਂ ਗੁਰੂ ਅਰਜਨ ਦੇਵ ਦੁਆਰਾ ਰਚੇ ਗਏ ਇਸ ਮਹਾਂ-ਗ੍ਰੰਥ ਦੀ ਮੁੱਖ ਵਿਸ਼ੇਸ਼ਤਾ ਇਹ ਹੈ ਕਿ ਇਸ ਵਿਚ ਸਿੱਖ ਗੁਰੂ ਸਾਹਿਬਾਨ ਦੀ ਬਾਣੀ ਤੋਂ ਇਲਾਵਾ ਭਾਰਤੀ ਉਪ-ਮਹਾਂਦੀਪ ਦੇ ਪ੍ਰਮੁੱਖ ਸੰਤਾਂ, ਭਗਤਾਂ ਅਤੇ ਸੂਫ਼ੀਆਂ ਦੀ ਬਾਣੀ ਵੀ ਸ਼ਾਮਿਲ ਹੈ, ਜੋ ਇਸ ਨੂੰ ਸਰਬ-ਭਾਰਤੀ ਅਤੇ ਅਦੁੱਤੀ ਮਹੱਤਵ ਪ੍ਰਦਾਨ ਕਰਦੀ ਹੈ। ਅਸਲ ਵਿਚ ਬਾਬਾ ਫ਼ਰੀਦ ਦੀ ਰਚਨਾ ਦਾ ਇਸ ਗ੍ਰੰਥ ਵਿਚ ਸ਼ਾਮਿਲ ਹੋਣਾ ਕੋਈ ਸਾਧਾਰਣ ਜਾਂ ਇਤਫ਼ਾਕੀਆ ਘਟਨਾ ਨਹੀਂ ਸੀ। ਇਸਦੇ ਪਿਛੋਕੜ ਵਿਚ ਹਿੰਦੂ-ਮੁਸਲਿਮ ਸਭਿਆਚਾਰਕ ਸੁਮੇਲ ਅਤੇ ਸੰਵਾਦ ਦੀ ਵਿਆਪਕ ਭਾਵਨਾ ਕੰਮ ਕਰ ਰਹੀ ਸੀ। ਭਾਰਤੀ ਇਤਿਹਾਸ ਦਾ ਇਹ ਦੌਰ ਭਗਤੀ ਲਹਿਰ ਅਤੇ ਸੂਫ਼ੀ ਲਹਿਰ ਦੇ ਸਮਾਨੰਤਰ ਉਭਾਰ ਦਾ ਦੌਰ ਹੈ। ਜੇ ਇਕ ਪਾਸੇ ਭਗਤੀ ਲਹਿਰ ਨੇ ਆਪਸੀ ਪ੍ਰੇਮ ਪਿਆਰ ਅਤੇ ਭਾਈਚਾਰੇ ਦਾ ਸੰਦੇਸ਼ ਦਿੱਤਾ ਤਾਂ ਦੂਸਰੇ ਪਾਸੇ ਸੂਫ਼ੀ ਲਹਿਰ ਨੇ ਵੀ ਇਨਸਾਨ-ਦੋਸਤੀ ਅਤੇ ਰਵਾਦਾਰੀ ਦਾ ਪੈਗ਼ਾਮ ਦਿੱਤਾ। ਭਗਤੀ ਲਹਿਰ ਨੇ ਆਪਣੀ ਉਦਾਰ ਮਾਨਵਵਾਦੀ ਵਿਚਾਰਧਾਰਾ ਰਾਹੀਂ ਜਾਤੀ ਪ੍ਰਥਾ ਅਤੇ ਕਰਮ-ਕਾਂਡ ਦਾ ਖੰਡਨ ਕਰਦਿਆਂ ਹਿੰਦੂ ਸਮਾਜ ਵਿਚ ਜਾਗ੍ਰਿਤੀ ਲਿਆਂਦੀ ਅਤੇ ਵੇਲਾ ਵਿਹਾ ਚੁੱਕੀਆਂ ਮਾਨਵ-ਦੋਖੀ ਰਸਮਾਂ-ਰੀਤਾਂ ਦੀ ਗ਼ੁਲਾਮੀ ਤੋਂ ਮੁਕਤੀ ਦਿਵਾਣ ਦਾ ਜਤਨ ਕੀਤਾ। ਏਸੇ ਤਰ੍ਹਾਂ ਸੂਫ਼ੀ ਲਹਿਰ ਨੇ ਕੁਰਾਨ ਸ਼ਰੀਫ਼ ਦੇ ਅੰਦਰੂਨੀ (ਬਾਤਿਨ) ਅਰਥਾਂ ਦੀ ਤਸ਼ਰੀਹ ਕਰਦਿਆਂ ਤਸੱਵੁਫ਼ ਦਾ ਦਰਸ ਦਿੱਤਾ। ਸੂਫ਼ੀਆਂ ਦਾ ਇਹ ਰੂਹਾਨੀ ਪੈਗ਼ਾਮ ਬੰਦੇ ਅਤੇ ਖ਼ੁਦਾ ਦੀ ਰਹੱਸਵਾਦੀ ਏਕਤਾ ਉੱਤੇ ਬਲ ਦਿੰਦਾ ਸੀ ਅਤੇ ਰੱਬੀ ਪਿਆਰ ਜਾਂ ਇਸ਼ਕ-ਹਕੀਕੀ ਨੂੰ ਜੀਵਨ-ਜਾਚ ਦਾ ਆਧਾਰ ਬਣਾਉਂਦਾ ਸੀ। ਇਸ ਤਰ੍ਹਾਂ ਇਨ੍ਹਾਂ ਦੋਹਾਂ ਲਹਿਰਾਂ ਦੀ ਵਿਚਾਰਧਾਰਾ ਵਿਚ ਸਾਂਝ ਦੇ ਸੂਤਰ ਦ੍ਰਿਸ਼ਟੀਗੋਚਰ ਹੁੰਦੇ ਹਨ।

---

* ਸਾਬਕਾ ਪ੍ਰੋਫੈਸਰ ਤੇ ਮੁਖੀ, ਪੰਜਾਬੀ ਵਿਭਾਗ, ਦਿੱਲੀ ਯੂਨੀਵਰਸਿਟੀ, ਦਿੱਲੀ।

ਇਹੀ ਕਾਰਣ ਹੈ ਕਿ ਅੱਜ ਵੀ ਭਗਤਾਂ ਸੂਫ਼ੀਆਂ ਅਤੇ ਗੁਰੂ ਵਿਅਕਤੀਆਂ ਨੂੰ ਹਿੰਦੂਆਂ, ਸਿੱਖਾਂ ਤੇ ਮੁਸਲਮਾਨਾਂ ਵਲੋਂ ਇਕੋ ਜਿਹਾ ਪਿਆਰ ਤੇ ਸਤਿਕਾਰ ਮਿਲਿਆ ਹੋਇਆ ਹੈ।

ਮਹੱਤਵਪੂਰਣ ਗੱਲ ਇਹ ਹੈ ਕਿ ਮੱਧਕਾਲ ਦੇ ਇਨ੍ਹਾਂ ਧਰਮ-ਪ੍ਰਵਰਤਕਾਂ ਨੇ ਸੰਸਕ੍ਰਿਤ ਅਤੇ ਅਰਬੀ ਵਰਗੀਆਂ ਕਲਾਸੀਕਲ ਭਾਸ਼ਾਵਾਂ ਦੀ ਬਜਾਏ ਆਪਣੇ ਵੇਲੇ ਦੀ ਪ੍ਰਚੱਲਤ ਲੋਕ ਭਾਸ਼ਾ ਨੂੰ ਹੀ ਸੰਚਾਰ ਦਾ ਮਾਧਿਅਮ ਬਣਾਇਆ। ਭਾਵੇਂ ਹਿੰਦੂਮਤ ਅਤੇ ਇਸਲਾਮ ਦੇ ਧਰਮ-ਗ੍ਰੰਥ ਸੰਸਕ੍ਰਿਤ ਅਤੇ ਅਰਬੀ ਵਿਚ ਰਚੇ ਗਏ ਸਨ ਪਰ ਇਨ੍ਹਾਂ ਦੀ ਰਸਾਈ ਗਿਣਤੀ ਦੇ ਪੜ੍ਹੇ-ਲਿਖੇ ਲੋਕਾਂ ਜਾਂ ਪੁਜਾਰੀ ਵਰਗਾਂ ਤਕ ਸੀਮਤ ਸੀ। ਜਦੋਂ ਕਿ ਆਮ ਲੋਕਾਈ ਅਧਿਆਤਮਕ ਗਿਆਨ ਦੀ ਇਸ ਅਮੀਰ ਵਿਰਾਸਤ ਨਾਲੋਂ ਟੁੱਟੀ ਹੋਈ ਸੀ। ਇਨ੍ਹਾਂ ਧਰਮ-ਪ੍ਰਵਰਤਕਾਂ ਨੇ ਪੁਜਾਰੀ ਵਰਗ ਦੀ ਇਜਾਰੇਦਾਰੀ ਨੂੰ ਤੋੜਦਿਆਂ ਆਮ ਲੋਕਾਈ ਦੀ ਰੂਹਾਨੀ ਅਗਵਾਈ ਲਈ ਉਨ੍ਹਾਂ ਦੀ ਹੀ ਭਾਸ਼ਾ ਨੂੰ ਚੁਣਿਆਂ। ਅਸਲ ਵਿਚ ਉਨ੍ਹਾਂ ਦਾ ਮਕਸਦ ਆਮ ਲੋਕਾਈ ਦੇ ਦੁੱਖ ਦਰਦ ਨੂੰ ਅਨੁਭਵ ਕਰਨਾ ਅਤੇ ਉਨ੍ਹਾਂ ਅੰਦਰ ਪਰਮਾਰਥ ਦੀ ਮੁਕਤੀਦਾਇਕ ਚੇਤਨਾ ਜਗਾਉਣਾ ਸੀ। ਬਾਬਾ ਫਰੀਦ ਦੇ ਇਹ ਬੋਲ ਇਸੇ ਗੱਲ ਦੀ ਸਾਖੀ ਭਰਦੇ ਹਨ :

ਫਰੀਦਾ ਮੈ ਜਾਨਿਆ ਦੁਖੁ ਮੁਝ ਕੂ ਦੁਖੁ ਸਬਾਇਐ ਜਗਿ ॥

ਊਚੇ ਚੜਿ ਕੈ ਦੇਖਿਆ ਤਾਂ ਘਰਿ ਘਰਿ ਏਹਾ ਅਗਿ ॥81॥

(ਗੁਰੂ ਗ੍ਰੰਥ ਸਾਹਿਬ, ਪੰਨਾ - 885 )

ਇਉਂ ਭਾਰਤੀ ਇਤਿਹਾਸ ਦਾ ਇਹ ਦੌਰ ਹਿੰਦੂ ਅਤੇ ਮੁਸਲਿਮ ਸਭਿਆਚਾਰਾਂ ਦੀ ਨਵ-ਜਾਗ੍ਰਿਤੀ ਦਾ ਦੌਰ ਹੈ ਜਿਸਦੇ ਅਲੰਬਰਦਾਰ ਸੂਫ਼ੀ, ਸੰਤ, ਭਗਤ ਅਤੇ ਗੁਰੂ-ਵਿਅਕਤੀ ਹਨ। ਇਸ ਰੂਹਾਨੀ ਨਵ-ਜਾਗ੍ਰਿਤੀ ਨੂੰ ਸਮਾਜ ਅਤੇ ਸਭਿਆਚਾਰ ਦੇ ਧਰਾਤਲ ਉੱਤੇ ਵਾਪਰੀ ਕ੍ਰਾਂਤੀਕਾਰੀ ਘਟਨਾ ਤਸੱਵਰ ਕੀਤਾ ਜਾ ਸਕਦਾ ਹੈ ਕਿਉਂ ਜੋ ਇਸਨੇ ਵਿਰਸੇ ਦੇ ਹਕੀਕੀ ਗੌਰਵ ਨੂੰ ਜਗਾ ਕੇ ਆਮ ਲੋਕਾਈ ਦੀ ਜੀਵਨ-ਵਿਧੀ ਨੂੰ ਵੀ ਤਬਦੀਲ ਕਰਨ ਦਾ ਉਪਰਾਲਾ ਕੀਤਾ। ਇਸਤੋਂ ਇਲਾਵਾ ਇਹ ਮੱਧਕਾਲੀਨ ਭਾਰਤ ਵਿਚ ਉੱਸਰ ਰਹੇ ਸੰਜੁਗਤ ਸਭਿਆਚਾਰ (composite culture) ਦੀ ਸੰਭਾਵਨਾ ਨੂੰ ਵੀ ਸਾਕਾਰ ਕਰਦਾ ਹੈ। ਸਭ ਧਰਮਾਂ ਨੇ ਆਪੋ ਆਪਣੇ ਅਕੀਦੇ ਅਨੁਸਾਰ ਸ੍ਰਿਸ਼ਟੀ ਦੇ ਸਿਰਜਣਹਾਰ ਦੀ ਸੰਕਲਪਨਾ ਕੀਤੀ ਹੈ ਅਤੇ ਉਸਨੂੰ ਵੱਖ ਵੱਖ ਨਾਮ ਦਿੱਤੇ ਹਨ। ਬਾਣੀਕਾਰਾਂ ਲਈ ਇਹ ਸਾਰੇ ਹੀ ਨਾਮ ਆਦਰਯੋਗ ਹਨ। ਮਿਸਾਲ ਵਜੋਂ ਗੁਰੂ ਗ੍ਰੰਥ ਸਾਹਿਬ ਦੀਆ ਇਹ ਪੰਗਤੀਆਂ ਪੇਸ਼ ਹਨ :

ਕੋਈ ਬੋਲੈ ਰਾਮ ਰਾਮ ਕੋਈ ਖੁਦਾਇ ॥ ਕੋਈ ਸੇਵੈ ਗੁਸਈਆ ਕੋਈ ਅਲਾਹਿ॥1॥

ਕਾਰਣ ਕਰਣ ਕਰੀਮ ॥ ਕਿਰਪਾ ਧਾਰਿ ਰਹੀਮ ॥1॥ ਰਹਾਉ ॥

ਕੋਈ ਨਾਵੈ ਤੀਰਥਿ ਕੋਈ ਹਜ ਜਾਇ ॥ ਕੋਈ ਕਰੈ ਪੂਜਾ ਕੋਈ ਸਿਰੁ ਨਿਵਾਇ ॥2॥

ਕੋਈ ਪੜੈ ਬੇਦ ਕੋਈ ਕਤੇਬ ॥ ਕੋਈ ਓਢੈ ਨੀਲ ਕੋਈ ਸੁਪੇਦ ॥3॥

ਕੋਈ ਕਹੈ ਤੁਰਕੁ ਕੋਈ ਕਹੈ ਹਿੰਦੂ ॥ ਕੋਈ ਬਾਛੈ ਭਿਸਤੁ ਕੋਈ ਸੁਰਗਿੰਦੂ ॥4॥

ਕਹੁ ਨਾਨਕ ਜਿਨਿ ਹੁਕਮੁ ਪਛਾਤਾ ॥ ਪ੍ਰਭ ਸਾਹਿਬ ਕਾ ਤਿਨਿ ਭੇਦੁਜਾਤਾ॥5॥9॥

(ਗੁਰੂ ਗ੍ਰੰਥ ਸਾਹਿਬ, ਪੰਨਾ - 885 )

ਮਿਹਰਵਾਨ ਮਉਲਾ ਤੂਹੀ ਏਕ ॥ ਪੀਰ ਪੈਕਾਂਬਰ ਸੇਖ ॥

ਦਿਲਾ ਕਾ ਮਾਲਕੁ ਕਰੇ ਹਾਕੁ ॥ ਕੁਰਾਨ ਕਤੇਬ ਤੇ ਪਾਕੁ ॥3॥

ਨਾਰਾਇਣ ਨਰਹਰ ਦਇਆਲ ॥ ਰਮਤ ਰਾਮ ਘਟ ਘਟ ਆਧਾਰ ॥

ਬਾਸੁਦੇਵ ਬਸਤ ਸਭ ਠਾਇ ॥ ਲੀਲਾ ਕਿਛੁ ਲਖੀ ਨ ਜਾਇ ॥4॥

ਮਿਹਰ ਦਇਆ ਕਰਿ ਕਰਨੈਹਾਰ ॥ ਭਗਤਿ ਬੰਦਗੀ ਦੇਹਿ ਸਿਰਜਣਹਾਰ ॥

ਕਹੁ ਨਾਨਕ ਗੁਰਿ ਖੋਏ ਭਰਮ ॥ ਏਕੋ ਅਲਹੁ ਪਾਰਬ੍ਰਹਮ।

(ਗੁਰੂ ਗ੍ਰੰਥ ਸਾਹਿਬ, ਪੰਨਾ - 897)

ਅਲਹੁ ਏਕੁ ਮਸੀਤਿ ਬਸਤੁ ਹੈ ਅਵਰੁ ਮੁਲਖੁ ਕਿਸੁ ਕੇਰਾ ॥

ਹਿੰਦੂ ਮੂਰਤਿ ਨਾਮ ਨਿਵਾਸੀ ਦੁਹ ਮਹਿ ਤਤੁ ਨ ਹੇਰਾ ॥1॥

ਅਲਹ ਰਾਮ ਜੀਵਉ ਤੇਰੇ ਨਾਈ ॥ ਤੂ ਕਰਿ ਮਿਹਰਾਮਤਿ ਸਾਈ ॥1॥ ਰਹਾਉ॥

ਦਖਨ ਦੇਸਿ ਹਰੀ ਕਾ ਬਾਸਾ ਪਛਿਮਿ ਅਲਹ ਮੁਕਾਮਾ ॥

ਦਿਲ ਮਹਿ ਖੋਜਿ ਦਿਲੈ ਦਿਲਿ ਖੋਜਹੁ ਏਹੀ ਠਉਰ ਮੁਕਾਮਾ ॥2॥

(ਗੁਰੂ ਗ੍ਰੰਥ ਸਾਹਿਬ, ਪੰਨਾ - 1349 )

ਗੁਰੂ ਗ੍ਰੰਥ ਸਾਹਿਬ ਦੇ ਪ੍ਰਵਚਨ ਵਿਚ ਵਿਭਿੰਨ ਧਰਮਾਂ ਦੀਆਂ ਵਿਸ਼ਵਾਸ਼-ਪਰੰਪਰਾਵਾਂ ਅਤੇ ਰਹੁ-ਰੀਤਾਂ ਨੂੰ ਨਵੇਂ ਸੰਦਰਭ ਵਿਚ ਪ੍ਰਸਤੁਤ ਕਰਕੇ ਇਨ੍ਹਾਂ ਵਿਚਲੀ ਰੂਹਾਨੀ ਸਾਂਝ ਦੇ ਧਰਾਤਲ ਨੂੰ ਤਲਾਸ਼ ਕਰਨ ਦਾ ਉਪਰਾਲਾ ਕੀਤਾ ਗਿਆ ਹੈ। ਇਸ ਵਿਚ ਪੇਸ਼ ਹੋਈ ਸਭਿਆਚਾਰਕ ਕ੍ਰਾਂਤੀ ਦਾ ਮਹੱਤਵਪੂਰਣ ਪਹਿਲੂ ਸਮਾਜ ਦੇ ਦੱਬੇ-ਕੁਚਲੇ ਅਤੇ ਨਿਤਾਣੇ ਵਰਗਾਂ

ਦੇ ਹੱਕ ਵਿਚ ਆਵਾਜ਼ ਬੁਲੰਦ ਕਰਨਾ ਹੈ। ਇਸ ਪ੍ਰਵਚਨ ਵਿਚ ਵਿਸ਼ੇਸ਼ ਤੌਰ ਤੇ ਹਾਕਮ ਸ਼੍ਰੇਣੀ ਦੀ ਲੁੱਟ-ਖਸੁੱਟ ਦੇ ਸ਼ਿਕਾਰ ਮਿਹਨਤਕਸ਼ ਕਿਸਾਨਾਂ ਅਤੇ ਕਿਰਤੀਆਂ ਅਤੇ ਬ੍ਰਾਹਮਣਵਾਦੀ ਕਰਮਕਾਂਡ ਅਤੇ ਜਾਤੀ-ਪ੍ਰਥਾ ਹੱਥੋਂ ਸਤਾਏ ਹੋਏ ਦਲਿਤ ਵਰਗਾਂ ਦਾ ਪੱਖ ਪੂਰਿਆ ਗਿਆ ਹੈ। ਇਸੇ ਕਿਸਮ ਦੀ ਭਾਵਨਾ ਦਾ ਸਮੂਰਤ ਪ੍ਰਗਟਾਵਾ ਗੁਰੂ ਨਾਨਕ ਬਾਣੀ ਦੀਆਂ ਇਨ੍ਹਾਂ ਪੰਗਤੀਆਂ ਵਿਚ ਦ੍ਰਿਸ਼ਟੀਗੋਚਰ ਹੁੰਦਾ ਹੈ :

ਨੀਚਾ ਅੰਦਰਿ ਨੀਚ ਜਾਤਿ ਨੀਚੀ ਹੂ ਅਤਿ ਨੀਚੁ ॥
ਨਾਨਕੁ ਤਿਨ ਕੈ ਸੰਗਿ ਸਾਥਿ ਵਡਿਆ ਸਿਉ ਕਿਆ ਰੀਸ ॥
ਜਿਥੈ ਨੀਚ ਸਮਾਲੀਅਨਿ ਤਿਥੈ ਨਦਰਿ ਤੇਰੀ ਬਖਸੀਸੁ।

(ਗੁਰੂ ਗ੍ਰੰਥ ਸਾਹਿਬ, ਪੰਨਾ – 15)

ਇਸੇ ਤਰ੍ਹਾਂ ਹੀ ਭਗਤ ਕਬੀਰ ਜੀ ਨੇ ਵੀ ਜਤੀ-ਪ੍ਰਥਾ ਦੇ ਇਸ ਮਸਨੂਈ ਕਿਰਦਾਰ ਨੂੰ ਉਘਾੜਨ ਦਾ ਜਤਨ ਅਪਣੀ ਬਾਣੀ ਦੀਆਂ ਇਨ੍ਹਾਂ ਪੰਗਤੀਆਂ ਵਿਚ ਕੀਤਾ ਹੈ :

ਗਰਭ ਵਾਸ ਮਹਿ ਕੁਲੁ ਨਹੀ ਜਾਤੀ ॥ ਬ੍ਰਹਮ ਬਿੰਦੁ ਤੇ ਸਭ ਉਤਪਾਤੀ ॥1॥
ਕਹੁ ਰੇ ਪੰਡਿਤ ਬਾਮਨ ਕਬ ਕੇ ਹੋਏ ॥ ਬਾਮਨ ਕਹਿ ਕਹਿ ਜਨਮੁ ਮਤ ਖੋਏ ॥1॥ ਰਹਾਉ ॥
ਜੌ ਤੂੰ ਬ੍ਰਾਹਮਣੁ ਬ੍ਰਹਮਣੀ ਜਾਇਆ ॥ ਤਉ ਆਨ ਬਾਟ ਕਾਹੇ ਨਹੀ ਆਇਆ ॥2॥
ਤੁਮ ਕਤ ਬ੍ਰਾਹਮਣ ਹਮ ਕਤ ਸੂਦ ॥ ਹਮ ਕਤ ਲੋਹੂ ਤੁਮ ਕਤ ਦੂਧ ॥3॥

(ਗੁਰੂ ਗ੍ਰੰਥ ਸਾਹਿਬ, ਪੰਨਾ – 324)

ਭਗਤ ਕਬੀਰ ਦੀਆਂ ਇਨ੍ਹਾਂ ਪੰਗਤੀਆਂ ਵਿਚ ਜਾਤੀ-ਪ੍ਰਥਾ ਦੇ ਵਿਵੇਕ ਨੂੰ ਲੋਕ-ਸੂਝ ਦੇ ਆਧਾਰ ਤੇ ਰੱਦ ਕਰਨ ਦਾ ਉਪਰਾਲਾ ਕੀਤਾ ਗਿਆ ਹੈ। ਕਬੀਰ ਜੀ ਨੇ ਇਥੇ ਮਨੁੱਖੀ ਸਮਾਜ ਨੂੰ ਕੁਲ ਅਤੇ ਜਾਤੀ ਦੇ ਆਧਾਰਾਂ ਅਨੁਸਾਰ ਵੰਡਣ ਵਾਲੀ ਮਿੱਥ ਨੂੰ ਤੋੜਿਆ ਹੈ ਕੀਤਾ ਹੈ। ਉਨ੍ਹਾਂ ਦਾ ਵਿਵੇਕ ਇਸ ਤੱਥ ਵਲ ਸੰਕੇਤ ਕਰ ਰਿਹਾ ਹੈ ਕਿ ਬ੍ਰਾਹਮਣ (ਕੁਲੀਨ) ਅਤੇ ਸੂਦ (ਦਲਿਤ) ਦੋਵੇਂ ਹੀ ਸੰਸਾਰ ਦੇ ਸਮੂਹ ਪ੍ਰਾਣੀਆਂ ਵਾਂਗ ਬ੍ਰਹਮ ਬਿੰਦੁ ਦੀ ਉਪਜ ਹਨ। ਇਨ੍ਹਾਂ ਵਿਚਕਾਰ ਸਿਰਜੀ ਗਈ ਵਿੱਥ ਮਸਨੂਈ ਹੈ। ਇਸੇ ਤਰ੍ਹਾਂ ਹੀ ਭਗਤ ਨਾਮਦੇਵ ਜੀ ਦੀ ਬਾਣੀ ਵਿਚ ਵੀ ਜਾਤੀ-ਪ੍ਰਥਾ ਦਾ ਖੰਡਨ ਕੀਤਾ ਗਿਆ ਹੈ। ਭਗਤ ਜੀ ਖ਼ੁਦ ਦਲਿਤ ਜਾਤੀ ਨਾਲ ਸੰਬੰਧਿਤ ਹੋਣ ਕਾਰਣ ਆਪਣੇ ਨਿਜੀ ਅਨੁਭਵ ਨੂੰ ਵਿਅੰਗ ਅਤੇ ਕਟਾਖ਼ਸ਼ ਨਾਲ

ਮੂਰਤੀਮਾਨ ਕਰਦੇ ਹਨ। ਉਹ ਆਪਣੇ ਨਾਲ ਹੁੰਦੀ ਬਦਸਲੂਕੀ ਦਾ ਹਾਲ ਆਪਣੇ ਪ੍ਰਭੂ (ਬਾਪ ਬੀਠਲਾ) ਸਾਮ੍ਹਣੇ ਇਨ੍ਹਾਂ ਪੰਗਤੀਆਂ ਰਾਹੀਂ ਪੇਸ਼ ਕਰਦੇ ਹਨ :

ਮੋ ਕਉ ਤੂੰ ਨ ਬਿਸਾਰਿ ਤੂ ਨ ਬਿਸਾਰਿ ॥
ਤੂ ਨ ਬਿਸਾਰੇ ਰਾਮਈਆ ॥1॥ ਰਹਾਉ ॥
ਆਲਾਵੰਤੀ ਇਹੁ ਭ੍ਰਮੁ ਜੋ ਹੈ ਮੁਝ ਊਪਰਿ ਸਭ ਕੋਪਿਲਾ ॥
ਸੂਦੁ ਸੂਦੁ ਕਰਿ ਮਾਰਿ ਉਠਾਇਓ ਕਹਾ ਕਰਉ ਬਾਪ ਬੀਠੁਲਾ ॥1॥
ਮੂਏ ਹੂਏ ਜਉ ਮੁਕਤਿ ਦੇਹੁਗੇ ਮੁਕਤਿ ਨ ਜਾਨੈ ਕੋਇਲਾ ॥
ਏ ਪੰਡੀਆ ਮੋ ਕਉ ਢੇਢ ਕਹਤ ਤੇਰੀ ਪੈਜ ਪਿਛੰਉਡੀ ਹੋਇਲਾ ॥2॥

(ਗੁਰੂ ਗ੍ਰੰਥ ਸਾਹਿਬ, ਪੰਨਾ – 1292)

ਇਸ ਤਰ੍ਹਾਂ ਗੁਰੂ ਗ੍ਰੰਥ ਸਾਹਿਬ ਦਾ ਪ੍ਰਵਚਨ ਵਿਆਪਕ ਕਿਸਮ ਦੀ ਸਭਿਆਚਾਰਕ ਕ੍ਰਾਂਤੀ ਦੀ ਦਸਤਾਵੇਜ਼ ਹੈ। ਗੁਰਬਾਣੀ ਅਤੇ ਭਗਤ ਬਾਣੀ ਦੇ ਇਸ ਕ੍ਰਾਂਤੀਕਾਰੀ ਪ੍ਰਵਚਨ ਦੀ ਰੌਸ਼ਨੀ ਵਿਚ ਜਦੋਂ ਅਸੀਂ ਬਾਬਾ ਫਰੀਦ ਦੇ ਕਲਾਮ ਨੂੰ ਵਾਚਦੇ ਹਾਂ ਤਾਂ ਪਤਾ ਚੱਲਦਾ ਹੈ ਕਿ ਉਨ੍ਹਾਂ ਦਾ ਸਮੁੱਚਾ ਜੀਵਨ ਅਤੇ ਕਲਾਮ ਇਸੇ ਹੀ ਵਿਚਾਰਧਾਰਾ ਨੂੰ ਸਮਰਪਿਤ ਸੀ। ਭਾਵੇਂ ਉਹ ਅਰਬੀ ਅਤੇ ਫ਼ਾਰਸੀ ਦੇ ਵਿਦਵਾਨ ਸਨ ਪਰ ਆਮ ਲੋਕਾਈ ਨੂੰ ਰੂਹਾਨੀ ਅਗਵਾਈ ਦੇਣ ਲਈ ਉਨ੍ਹਾਂ ਨੇ ਲੋਕ ਬੋਲੀ ਨੂੰ ਹੀ ਚੁਣਿਆਂ। ਬਾਬਾ ਫਰੀਦ ਦਾ ਪੂਰਾ ਨਾਮ ਸ਼ੇਖ਼ ਫ਼ਰੀਦਉੱਦੀਨ ਮਸਊਦ ਗੰਜਿ-ਸ਼ਕਰ ਸੀ। ਉਹ ਕਾਬਲ ਦੇ ਬਾਦਸ਼ਾਹ ਫ਼ਰਖ਼ ਸ਼ਾਹ ਆਦਲ ਦੇ ਖ਼ਾਨਦਾਨ ਵਿਚੋਂ ਸਨ। ਪਰ ਜਦੋਂ ਕਾਬਲ ਗ਼ਜ਼ਨੀ ਦੇ ਅਧੀਨ ਹੋ ਗਿਆ ਤਾਂ ਬਾਬਾ ਫਰੀਦ ਦੇ ਦਾਦਾ ਕਾਜ਼ੀ ਸ਼ੇਖ਼ ਸ਼ੁਐਬ ਆਪਣੇ ਪਰਿਵਾਰ ਨੂੰ ਲੈ ਕੇ ਪੰਜਾਬ ਵਿਚ ਆ ਵਸੇ। ਬਾਬਾ ਫਰੀਦ ਦੇ ਪਿਤਾ ਜਮਾਲਉੱਦੀਨ ਸੁਲੇਮਾਨ ਮਹੁੰਮਦ ਗ਼ੌਰੀ ਦੇ ਜ਼ਮਾਨੇ ਵਿਚ ਮੁਲਤਾਨ ਦੇ ਕਸਬੇ ਕੋਠੀਵਾਲ ਦੇ ਕਾਜ਼ੀ ਮੁਕੱਰਰ ਹੋਏ। ਇੱਥੇ ਹੀ 1173 ਈਸਵੀ ਨੂੰ ਫਰੀਦ ਦਾ ਜਨਮ ਹੋਇਆ। ਬਚਪਨ ਵਿਚ ਹੀ ਪਿਤਾ ਦੇ ਦੇਹਾਂਤ ਤੋਂ ਬਾਦ ਬਾਬਾ ਫਰੀਦ ਦੀ ਪਰਵਰਿਸ਼ ਉਨ੍ਹਾਂ ਦੀ ਮਾਤਾ ਕੁਰੈਸ਼ਮ ਖ਼ਾਤੂਨ ਕੀਤੀ ਅਤੇ ਆਪਣੀ ਮਾਤਾ ਪਾਸੋਂ ਹੀ ਉਨ੍ਹਾਂ ਨੇ ਆਪਣੀ ਮੁੱਢਲੀ ਧਾਰਮਿਕ ਸਿਖਿਆ ਵੀ ਪ੍ਰਾਪਤ ਕੀਤੀ। ਇਕ ਪ੍ਰਸਿੱਧ ਸਮਕਾਲੀ ਵਿਦਵਾਨ ਕਾਜ਼ੀ ਜਾਵੇਦ ਨੇ ਆਪਣੀ ਪੁਸਤਕ ਪੰਜਾਬ ਦੀ ਸੂਫ਼ੀਆਨਾ ਰਵਾਇਤ ਵਿਚ ਲਿਖਿਆ ਹੈ ਕਿ "ਬਹੁਤੇ ਚਿਸ਼ਤੀ ਬਜ਼ੁਰਗਾਂ ਦੀ ਤਰਬੀਅਤ ਵਿਚ ਉਨ੍ਹਾਂ ਦੀਆਂ ਮਾਵਾਂ ਨੇ ਅਹਿਮ ਕਿਰਦਾਰ ਅਦਾ ਕੀਤਾ। ਚਿਸ਼ਤੀ ਅੰਦਾਜ਼ ਦੀ ਸ਼ਖ਼ਸੀਅਤ ਦੇ ਬਣਾਵਣ ਵਿਚ ਵਿਚ ਇਹ ਇਕ ਉਚੇਚਾ ਪੱਖ ਏ।

ਕਿਉਂਜੋ ਮੁਹੱਬਤ, ਇਨਸਾਨ-ਦੋਸਤੀ, ਉਦਾਰਤਾ, ਸੰਗੀਤ ਅਤੇ ਹੋਰਨਾਂ ਕੋਮਲ ਕਲਾਵਾਂ ਨਾਲ ਲਗਾਉ ਚਿਸ਼ਤੀ ਬਜ਼ੁਰਗਾਂ ਦੇ ਨਿੱਖੜਵੇਂ ਗੁਣ ਹਨ ਜਿਹੜੇ ਸੁਆਣੀਆਂ ਦੀ ਪਰਵਰਿਸ਼ ਦਾ ਸਿੱਟਾ ਹਨ।"

ਸੋਲ੍ਹਾਂ ਵਰ੍ਹਿਆਂ ਦੀ ਉਮਰ ਵਿਚ ਬਾਬਾ ਫ਼ਰੀਦ ਨੇ ਮੱਕੇ ਦੀ ਯਾਤਰਾ ਕੀਤੀ ਅਤੇ ਅਬਦੁਲ ਹਕੀਮ ਅਨਸਾਰੀ ਦੇ ਘਰ ਠਹਿਰੇ। ਓਥੋਂ ਵਾਪਸ ਪੰਜਾਬ ਵਿਚ ਆਉਣ ਤੇ ਉਨ੍ਹਾਂ ਨੂੰ ਉਚੇਰੀ ਸਿਖਿਆ ਹਾਸਿਲ ਕਰਨ ਲਈ ਦਿੱਲੀ ਭੇਜ ਦਿੱਤਾ ਗਿਆ। ਇੱਥੇ ਆ ਕੇ ਉਨ੍ਹਾਂ ਨੇ ਆਪਣੇ ਵੇਲੇ ਦੇ ਪ੍ਰਸਿੱਧ ਸੂਫ਼ੀ ਫ਼ਕੀਰਾਂ - ਖ਼ਵਾਜਾ ਬਖ਼ਤਿਆਰ ਕਾਕੀ ਅਤੇ - ਪਾਸੋਂ ਰੂਹਾਨੀ ਤਾਲੀਮ ਹਾਸਿਲ ਕੀਤੀ ਅਤੇ ਬਾਦ ਵਿਚ ਚਿਸ਼ਤੀ ਸੰਪ੍ਰਦਾਇ ਦੇ ਮੁਖੀ ਬਣੇ। ਇਨ੍ਹਾਂ ਨੇ ਆਪਣੇ ਪ੍ਰਚਾਰ ਦਾ ਕੇਂਦਰ ਅਜੋਧਨ (ਪਾਕਪਟਨ) ਨੂੰ ਬਣਾਇਆ। ਇਨ੍ਹਾਂ ਨੂੰ ਆਪਣੇ ਜੀਵਨ-ਕਾਲ ਵਿਚ ਹੀ ਇੰਨੀ ਪ੍ਰਸਿੱਧੀ ਹਾਸਿਲ ਹੋ ਗਈ ਸੀ ਕਿ 'ਸੀਅਰੁਲ ਔਲੀਆ' ਪੁਸਤਕ ਦੇ ਲੇਖਕ ਹਜ਼ਰਤ ਕ੍ਰਿਮਾਨੀ ਨੇ ਇਨ੍ਹਾਂ ਨੂੰ 'ਪੀਰਾਂ ਦਾ ਪੀਰ' ਆਖਿਆ ਹੈ।

ਜਦੋਂ ਉਹ ਦਿੱਲੀ ਗਏ ਤਾਂ ਉਨ੍ਹਾਂ ਦੀ ਬਹੁਤ ਆਉ-ਭਗਤ ਹੋਈ। ਦਿੱਲੀ ਦਾ ਸੁਲਤਾਨ ਬਲਬਨ ਵੀ ਉਨ੍ਹਾਂ ਦੀ ਲਿਆਕਤ ਤੋਂ ਬਹੁਤ ਪ੍ਰਭਾਵਿਤ ਹੋਇਆ। ਉਸ ਨੇ ਆਪਣੀ ਧੀ ਦਾ ਰਿਸ਼ਤਾ ਬਾਬਾ ਫਰੀਦ ਨਾਲ ਕਰਨਾ ਚਾਹਿਆ। ਫਰੀਦ ਨੇ ਇਹ ਰਿਸ਼ਤਾ ਇਸ ਸ਼ਰਤ ਉੱਤੇ ਪ੍ਰਵਾਨ ਕੀਤਾ ਕਿ ਉਨ੍ਹਾਂ ਨੂੰ ਕੀਮਤੀ ਤੁਹਫ਼ੇ ਨਹੀਂ ਦਿੱਤੇ ਜਾਣਗੇ। ਫੇਰ ਵੀ ਜੋ ਕੁਝ ਉਨ੍ਹਾਂ ਨੂੰ ਸੁਲਤਾਨ ਵਲੋਂ ਮਿਲਿਆ ਉਨ੍ਹਾਂ ਨੇ ਉਹ ਸਾਰਾ ਕੁਝ ਲੋੜਵੰਦਾਂ ਵਿਚ ਵੰਡ ਦਿੱਤਾ।

ਬਾਬਾ ਫਰੀਦ ਰੱਬ ਦੀ ਰਜ਼ਾ ਵਿਚ ਰਹਿਣ ਵਾਲੇ ਇਨਸਾਨ ਸਨ। ਇਸ ਗੱਲ ਦੀ ਇਕ ਮਿਸਾਲ ਉਨ੍ਹਾਂ ਦੇ ਜੀਵਨ ਦੀ ਇਕ ਘਟਨਾ ਰਾਹੀਂ ਚੰਗੀ ਤਰ੍ਹਾਂ ਸਪਸ਼ਟ ਹੋ ਜਾਂਦੀ ਹੈ। ਕਹਿੰਦੇ ਹਨ ਕਿ ਇਕ ਵਾਰੀ ਕਿਸੇ ਲੋੜਵੰਦ ਨੇ ਇਨ੍ਹਾਂ ਕੋਲ ਬੇਨਤੀ ਕੀਤੀ ਕਿ 'ਤੁਸੀਂ ਸੁਲਤਾਨ ਬਲਬਨ ਦੇ ਨਜ਼ਦੀਕੀ ਹੋ। ਉਨ੍ਹਾਂ ਪਾਸ ਮੇਰੀ ਇਕ ਸਿਫ਼ਾਰਿਸ਼ ਕਰ ਦਿਓ।' ਫਰੀਦ ਜੀ ਨੇ ਬਾਦਸ਼ਾਹ ਦੇ ਨਾਮ ਇਕ ਚਿੱਠੀ ਲਿਖ ਦਿੱਤੀ ਜਿਸ ਵਿਚ ਉਨ੍ਹਾਂ ਨੇ ਇਹ ਲਿਖਿਆ, "ਮੈਂ ਇਹ ਕੰਮ ਅੱਲਾਹ ਦੇ ਹਵਾਲੇ ਕੀਤਾ ਹੈ ਤੇ ਜ਼ਾਹਰਾ ਤੌਰ ਤੇ ਤੁਹਾਡੇ ਪਾਸ ਭੇਜਿਆ ਹੈ। ਜੇ ਤੁਸੀਂ ਇਸ ਨੂੰ ਕੁਝ ਦੇ ਦਿਓਗੇ ਤਾਂ ਅਸਲ ਵਿਚ ਦੇਣ ਵਾਲਾ ਅੱਲਾਹ ਹੋਵੇਗਾ ਅਤੇ ਤੁਹਾਡਾ ਧੰਨਵਾਦ ਹੋਵੇਗਾ। ਜੇ ਤੁਸੀਂ ਇਸ ਲੋੜਵੰਦ ਨੂੰ ਕੁਝ ਨਹੀਂ ਦੇਵੋਗੇ ਤਾਂ ਨਾਂਹ ਕਰਨ ਵਾਲਾ ਅੱਲਾਹ ਹੋਵੇਗਾ ਤੇ ਤੁਸੀਂ ਮਜਬੂਰ ਹੋਵੋਗੇ।" ਇਸ ਤਰ੍ਹਾਂ ਬਾਬਾ ਫਰੀਦ ਹੁਕਮ ਅਤੇ ਰਜ਼ਾ ਦਾ ਜੀਵਨ ਜਿਉਣ ਵਿਚ ਸਦਾ ਜਤਨਸ਼ੀਲ ਰਹੇ। ਇਨ੍ਹਾਂ ਦੀ ਸਾਦਗੀ, ਸੱਚਾਈ ਅਤੇ ਨੇਕੀ ਲਾ-ਮਿਸਾਲ ਸੀ।

ਬਾਬਾ ਫਰੀਦ ਨੇ ਪਾਕ ਪਟਨ ਨੂੰ ਰੂਹਾਨੀਅਤ ਦਾ ਕੇਂਦਰ ਬਣਾ ਦਿੱਤਾ ਅਤੇ ਦੂਰੋਂ ਦੂਰੋਂ ਲੋਕ ਉਨ੍ਹਾਂ ਨਾਲ ਵਿਚਾਰ ਵਟਾਂਦਰਾ ਕਰਨ ਅਤੇ ਸਿਖਿਆ ਹਾਸਿਲ ਕਰਨ ਆਉਂਦੇ ਸਨ। ਭਾਵੇਂ ਉਨ੍ਹਾਂ ਨੇ ਅਰਬੀ ਅਤੇ ਫ਼ਾਰਸੀ ਦੀ ਤਾਲੀਮ

ਹਾਸਿਲ ਕੀਤੀ ਸੀ ਪਰ ਆਮ ਲੋਕਾਂ ਨਾਲ ਉਹ ਆਪਣੀ ਮਾਂ ਬੋਲੀ ਪੰਜਾਬੀ ਵਿਚ ਹੀ ਗੱਲ ਕਰਦੇ ਸਨ ਅਤੇ ਇਸੇ ਭਾਸ਼ਾ ਵਿਚ ਹੀ ਉਨ੍ਹਾਂ ਨੇ ਆਪਣਾ ਸ਼ਾਇਰਾਨਾ ਕਲਾਮ ਰਚਿਆ ਹੈ।

ਇਕ ਵਾਰੀ ਕਿਸੇ ਜਿਗਿਆਸੂ ਨੇ ਇਨ੍ਹਾਂ ਨੂੰ ਚਾਰ ਸਵਾਲ ਕੀਤੇ। ਇਹ ਸਵਾਲ ਉਨ੍ਹਾਂ ਦੀ ਜੀਵਨ ਦ੍ਰਿਸ਼ਟੀ ਦਾ ਭਲੀ ਭਾਂਤ ਪ੍ਰਗਟਾਵਾ ਕਰਦੇ ਹਨ। ਇਨ੍ਹਾਂ ਸਵਾਲਾਂ ਜਵਾਬਾਂ ਦਾ ਇਉਂ ਹੈ :

ਸਵਾਲ 1. ਸੱਭ ਨਾਲੋਂ ਸਿਆਣਾ ਕੌਣ ਹੈ?

ਜਵਾਬ : ਜਿਹੜਾ ਗੁਨਾਹਾਂ ਤੋਂ ਦੂਰ ਰਹਿੰਦਾ ਹੈ।

ਸਵਾਲ 2. ਸੱਭ ਤੋਂ ਅਕਲਮੰਦ ਕੌਣ ਹੈ?

ਜਵਾਬ : ਜਿਹੜਾ ਕਿਸੇ ਵੀ ਹਾਲਤ ਵਿਚ ਡੋਲਦਾ ਨਹੀਂ।

ਸਵਾਲ 3. ਸੱਭ ਤੋਂ ਆਜ਼ਾਦ ਕਿਹੜਾ ਹੈ?

ਜਵਾਬ : ਜਿਹੜਾ ਸਬਰ ਸੰਤੋਖ ਦਾ ਜੀਵਨ ਜਿਉਂਦਾ ਹੈ।

ਸਵਾਲ 4. ਸੱਭ ਤੋਂ ਜ਼ਰੂਰਤਮੰਦ ਕੌਣ ਹੈ?

ਜਵਾਬ : ਜਿਹੜਾ ਅਮਲ ਨਹੀਂ ਕਰਦਾ।

ਬਾਬਾ ਫਰੀਦ ਦਾ ਦੇਹਾਂਤ 1266 ਈ. ਨੂੰ ਹੋਇਆ। ਉਦੋਂ ਉਹ 93 ਵਰ੍ਹਿਆਂ ਦੇ ਸਨ। ਬਾਬਾ ਫਰੀਦ ਨੇ ਆਪਣੀ ਰੂਹਾਨੀ ਵਿਰਾਸਤ ਆਪਣੇ ਮੁਰੀਦਾਂ ਨੂੰ ਸੌਂਪ ਦਿੱਤੀ ਜਿਨ੍ਹਾਂ ਨੇ ਇਸ ਰੂਹਾਨੀ ਮਿਸ਼ਨ ਨੂੰ ਪੂਰਾ ਕਰਨ ਦਾ ਪੂਰਾ ਜਤਨ ਵੀ ਕੀਤਾ। ਇਸ ਮਹਾਨ ਸੂਫ਼ੀ ਸੰਤ ਦੀ ਬਾਣੀ ਦਾ ਗੁਰੂ ਗ੍ਰੰਥ ਸਾਹਿਬ ਵਿਚ ਸ਼ਾਮਿਲ ਹੋਣਾ ਹੋਰ ਵੀ ਵਧੇਰੇ ਮੱਹਤਵਪੂਰਣ ਹੈ।

ਬਾਬਾ ਫਰੀਦ ਦੀ ਪੰਜਾਬੀ ਬੋਲੀ ਵਿਚ ਕੀਤੀ ਗਈ ਰਚਨਾ ਦਾ ਪ੍ਰਾਮਾਣਿਕ ਸੰਕਲਨ ਗੁਰੂ ਗ੍ਰੰਥ ਸਾਹਿਬ ਵਿਚ ਹੀ ਮਿਲਦਾ ਹੈ। ਇਸ ਗ੍ਰੰਥ ਵਿਚ ਇਨ੍ਹਾਂ ਦੇ 112 ਸ਼ਲੋਕ ਅਤੇ 4 ਸ਼ਬਦ ਸ਼ਾਮਿਲ ਹਨ। ਇਨ੍ਹਾਂ ਤੋਂ ਇਲਾਵਾ ਇਨ੍ਹਾਂ ਸ਼ਲੋਕਾਂ ਦੇ ਨਾਲ ਨਾਲ ਕੁਝ ਗੁਰੂ ਵਿਅਕਤੀਆਂ ਦੇ ਸ਼ਲੋਕ ਵੀ ਅੰਕਿਤ ਕੀਤੇ ਗਏ ਹਨ ਜੋ ਇਕ ਤਰ੍ਹਾਂ ਨਾਲ ਟਿਪਣੀਆਂ ਦੇ ਰੂਪ ਵਿਚ ਹਨ। ਬਾਬਾ ਫਰੀਦ ਦੀ ਰਚਨਾ ਵਿਚ ਜਿਹੜੇ ਦੋ ਕਾਵਿ-ਰੂਪ ਵਰਤੇ ਗਏ ਹਨ ਉਹ ਦੋਵੇਂ ਹੀ ਭਾਰਤੀ ਪਰੰਪਰਾ ਨਾਲ ਸੰਬੰਧ ਰੱਖਦੇ ਹਨ। ਸ਼ਲੋਕਾਂ ਦੀ ਰਚਨਾ ਤਾਂ ਭਾਰਤ ਵਿਚ ਬਹੁਤ ਪੁਰਾਣੇ ਸਮੇਂ ਤੋਂ ਅਰਥਾਤ ਵੈਦਿਕ ਕਾਲ ਤੋਂ ਹੀ ਹੁੰਦੀ ਰਹੀ ਹੈ। ਇਹ ਇਕ ਅਜਿਹਾ ਕਾਵਿ-ਰੂਪ ਹੈ ਜਿਸ ਵਿਚ ਸੰਜਮ ਅਤੇ ਸੰਖੇਪਤਾ ਹੁੰਦੀ ਹੈ। ਇਸ ਵਿਚ ਕਵੀ

ਆਪਣੇ ਵਿਚਾਰਾਂ ਜਾਂ ਭਾਵਾਂ ਨੂੰ ਇਸ ਢੰਗ ਨਾਲ ਪ੍ਰਸਤੁਤ ਕਰਦਾ ਹੈ ਕਿ ਪਾਠਕ ਜਾਂ ਸਰੋਤੇ ਦੇ ਮਨ ਉੱਤੇ ਬੱਝਵਾਂ ਪ੍ਰਭਾਵ ਪੈਂਦਾ ਹੈ। ਮਿਸਾਲ ਦੇ ਤੌਰ ਤੇ ਫਰੀਦ ਬਾਣੀ ਦੇ ਕੁਝ ਸ਼ਲੋਕ ਪੇਸ਼ ਕੀਤੇ ਜਾਂਦੇ ਹਨ :

ਫਰੀਦਾ ਜੋ ਤੈ ਮਾਰਨਿ ਮੁਕੀਆਂ ਤਿਨ੍ਾ ਨ ਮਾਰੇ ਘੁੰਮਿ ॥
ਆਪਨੜੈ ਘਰਿ ਜਾਈਐ ਪੈਰ ਤਿਨ੍ਾ ਦੇ ਚੁੰਮਿ ॥7॥
ਫਰੀਦਾ ਜਾਂ ਤਉ ਖਟਣ ਵੇਲ ਤਾਂ ਤੂ ਰਤਾ ਦੁਨੀ ਸਿਉ ॥
ਮਰਗ ਸਵਾਈ ਨੀਹਿ ਜਾਂ ਭਰਿਆ ਤਾਂ ਲਦਿਆ ॥8॥

(ਗੁਰੂ ਗ੍ਰੰਥ ਸਾਹਿਬ, ਪੰਨਾ - 1778)

ਇਸ ਤਰ੍ਹਾਂ ਇਨ੍ਹਾਂ ਸ਼ਲੋਕਾਂ ਵਿਚ ਕੋਈ ਇਕ ਵਿਚਾਰ ਜਾਂ ਭਾਵ ਬੜੇ ਹੀ ਸੰਜਮ ਭਰਪੂਰ ਢੰਗ ਨਾਲ ਪੇਸ਼ ਹੁੰਦਾ ਹੈ। ਫਰੀਦ ਬਾਣੀ ਵਿਚ ਜਿਹੜਾ ਦੂਸਰਾ ਕਾਵਿ-ਰੂਪ ਵਰਤਿਆ ਗਿਆ ਹੈ ਉਹ ਹੈ ਸ਼ਬਦ। ਇਹ ਕਾਵਿ-ਰੂਪ ਭਾਰਤ ਦੇ ਕਲਾਸੀਕਲ ਦੌਰ ਵਿਚ ਨਹੀਂ ਸਗੋਂ ਮੱਧਕਾਲ ਵਿਚ ਹੀ ਵਿਕਸਿਤ ਹੋਇਆ ਹੈ। ਇਸਦੀ ਵਰਤੋਂ ਵਧੇਰੇ ਭਗਤ ਕਵੀਆਂ ਨੇ ਕੀਤੀ ਹੈ। ਇਸ ਵਿਚ ਸ਼ਲੋਕ ਨਾਲੋਂ ਕੁਝ ਲਮੇਰੇ ਆਕਾਰ ਦੀ ਰਚਨਾ ਕੀਤੀ ਜਾਂਦੀ ਹੈ ਅਤੇ ਨੈਤਿਕ ਸਿਖਿਆ ਨਾਲੋਂ ਭਗਤੀ ਜਾਂ ਪ੍ਰੇਮ ਦੀ ਭਾਵਨਾ ਨੂੰ ਵਧੇਰੇ ਵਿਅਕਤ ਕੀਤਾ ਜਾਂਦਾ ਹੈ। ਮਿਸਾਲ ਵਜੋਂ ਕੁਝ ਪੰਗਤੀਆਂ ਪੇਸ਼ ਹਨ :

ਦਿਲਹੁ ਮੁਹਬਤਿ ਜਿੰਨ੍ ਸੇਈ ਸਚਿਆ ॥
ਜਿਨ੍ ਮਨਿ ਹੋਰੁ ਮੁਖਿ ਹੋਰੁ ਸਿ ਕਾਂਢੇ ਕਚਿਆ ॥1॥
ਰਤੇ ਇਸਕ ਖੁਦਾਇ ਰੰਗਿ ਦੀਦਾਰ ਕੇ ॥
ਵਿਸਰਿਆ ਜਿਨ੍ ਨਾਮੁ ਤੇ ਭੁਇ ਭਾਰੁ ਥੀਏ ॥1॥ ਰਹਾਉ ॥
ਆਪਿ ਲੀਏ ਲੜਿ ਲਾਇ ਦਰਿ ਦਰਵੇਸ ਸੇ ॥
ਤਿਨ ਧੰਨੁ ਜਣੇਦੀ ਮਾਉ ਆਏ ਸਫਲੁ ਸੇ ॥2॥

ਇਸ ਸ਼ਬਦ ਵਿਚ ਕਵੀ ਨੇ ਰੱਬੀ ਪਿਆਰ ਦੀ ਭਾਵਨਾ ਨੂੰ ਵੱਖ ਵੱਖ ਪ੍ਰਸੰਗਾਂ ਵਿਚ ਪੇਸ਼ ਕੀਤਾ ਹੈ ਜਿਸ ਨਾਲ ਪਾਠਕ ਜਾਂ ਸਰੋਤੇ ਦੇ ਮਨ ਉੱਤੇ ਇਕ ਖ਼ਾਸ ਕਿਸਮ ਦਾ ਪ੍ਰਭਾਵ ਪੈਂਦਾ ਹੈ। ਇਸ ਤਰ੍ਹਾਂ ਦੇ 4 ਸ਼ਬਦ ਫਰੀਦ ਬਾਣੀ ਵਿਚ ਮਿਲਦੇ ਹਨ। ਇਨ੍ਹਾਂ ਸ਼ਬਦਾਂ ਵਿਚ ਇਕ ਵਿਸ਼ੇਸ਼ ਭਾਂਤ ਦੀ ਰਹੱਸਵਾਦੀ ਚੇਤਨਾ ਦ੍ਰਿਸ਼ਟੀਗੋਚਰ ਹੁੰਦੀ ਹੈ ਜਿਸਦੇ ਪਿਛੋਕੜ

ਵਿਚ ਤਸੱਵੁਫ਼ ਅਤੇ ਇਸ਼ਕ-ਹਕੀਕੀ ਦੇ ਸੂਫ਼ੀ ਸੰਕਲਪ ਨਜ਼ਰ ਆਉਂਦੇ ਹਨ। ਮਿਸਾਲ ਵਜੋਂ ਇਹ ਪੰਗਤੀਆਂ ਦੇਖੀਆਂ ਜਾ ਸਕਦੀਆਂ ਹਨ :

ਫਰੀਦਾ ਗਲੀਏ ਚਿਕੜੁ ਦੂਰਿ ਘਰੁ ਨਾਲਿ ਪਿਆਰੇ ਨੇਹੁ ॥

ਚਲਾ ਤ ਭਿਜੈ ਕੰਬਲੀ ਰਹਾਂ ਤ ਤੁਟੈ ਨੇਹੁ ॥24॥

ਭਿਜਉ ਸਿਜਉ ਕੰਬਲੀ ਅਲਹ ਵਰਸਉ ਮੇਹੁ ॥

ਜਾਇ ਮਿਲਾ ਤਿਨਾ ਸਜਣਾ ਤੁਟਉ ਨਾਹੀਂ ਨੇਹੁ ॥"

(ਗੁਰੂ ਗ੍ਰੰਥ ਸਾਹਿਬ, ਪੰਨਾ - 1379.)

ਰਤੇ ਇਸਕ ਖੁਦਾਇ ਰੰਗਿ ਦੀਦਾਰ ਕੇ ॥

ਵਿਸਰਿਆ ਜਿਨ੍ ਨਾਮੁ ਤੇ ਭੁਇ ਭਾਰੁ ਥੀਏ ॥1॥ ਰਹਾਉ ॥

ਆਪਿ ਲੀਏ ਲੜਿ ਲਾਇ ਦਰਿ ਦਰਵੇਸ ਸੇ ॥ ਤਿਨ ਧੰਨੁ ਜਣੇਦੀ ਮਾਉ ਆਏ ਸਫਲੁ ਸੇ ॥2॥

(ਗੁਰੂ ਗ੍ਰੰਥ ਸਾਹਿਬ, ਪੰਨਾ - 488.)

ਸੂਫ਼ੀਆਂ ਅਨੁਸਾਰ ਮਨੁੱਖ ਦੀ ਰੂਹਾਨੀ ਯਾਤਰਾ ਦੇ ਚਾਰ ਪੜਾਉ ਹਨ। 1. ਸ਼ਰੀਅਤ, 2. ਤਰੀਕਤ, 3. ਮਾਰਫ਼ਤ, ਅਤੇ 4. ਹਕੀਕਤ। ਬਾਬਾ ਫਰੀਦ ਸ਼ਰ੍ਹੀਅਤ ਤੋਂ ਮੁਨਕਰ ਨਹੀਂ। ਉਹ ਇਸਦੇ ਮਹੱਤਵ ਨੂੰ ਪਛਾਣਦੇ ਹੋਏ ਤਰੀਕਤ ਦੀਆਂ ਮੰਜ਼ਿਲਾਂ ਪਾਰ ਕਰਕੇ ਮਾਰਫ਼ਤ ਅਤੇ ਹਕੀਕਤ ਵਲ ਜਾਂਦੇ ਹਨ। ਇਸ ਮੰਤਵ ਲਈ ਉਨ੍ਹਾਂ ਦੀ ਬਾਣੀ ਦੀਆਂ ਨਿਮਨ-ਅੰਕਿਤ ਪੰਗਤੀਆਂ ਦੇਖੀਆਂ ਜਾ ਸਕਦੀਆਂ ਹਨ :

ਫਰੀਦਾ ਬੇ ਨਿਵਾਜਾ ਕੁਤਿਆ ਏਹ ਨ ਭਲੀ ਰੀਤਿ ॥

ਕਬਹੀ ਚਲਿ ਨ ਆਇਆ ਪੰਜੇ ਵਖਤ ਮਸੀਤਿ ॥70॥

ਉਠੁ ਫਰੀਦਾ ਉਜੂ ਸਾਜਿ ਸੁਬਹ ਨਿਵਾਜ ਗੁਜਾਰਿ ॥

ਜੋ ਸਿਰੁ ਸਾਂਈ ਨਾ ਨਿਵੈ ਸੋ ਸਿਰੁ ਕਪਿ ਉਤਾਰਿ ॥71॥

ਪਰ ਉਹ ਆਪਣੇ ਸੂਫ਼ੀ ਅਨੁਭਵ ਦਾ ਪ੍ਰਗਟਾਵਾ ਵੀ ਕਰਦੇ ਹਨ ਅਤੇ ਇਸਲਾਮ ਦੇ ਰੱਹਸਵਾਦੀ ਮਾਰਗ ਨੂੰ ਵੀ ਪ੍ਰਵਾਨ ਕਰਦੇ ਹਨ ਜਿਹੜਾ ਬੰਦੇ ਅਤੇ ਖ਼ੁਦਾ ਦੀ ਭਾਵਨਾਮਈ ਏਕਤਾ ਅਤੇ ਅਭੇਦਤਾ ਦਾ ਲਖਾਇਕ ਹੈ। ਪੰਜਾਬੀ ਦੇ ਸੂਫ਼ੀ ਸ਼ਾਇਰਾਂ ਨੇ ਹਰ ਦੌਰ ਵਿਚ ਇਸ਼ਕ ਹਕੀਕੀ ਨਾਲ ਵਫ਼ਾ ਪਾਲੀ ਹੈ। ਸੂਫ਼ੀਵਾਦ ਅਸਲ ਵਿਚ ਇਸਲਾਮ ਦਾ

ਰਹੱਸਵਾਦੀ ਮਾਰਗ ਹੈ ਜੋ ਕੁਰਾਨ ਸ਼ਰੀਫ਼ ਦੇ ਬਾਹਰਮੁਖੀ ਅਰਥਾਂ ਨਾਲੋਂ ਉਸਦੇ ਅੰਤਰਮੁਖੀ ਅਧਿਆਤਮਕ ਅਰਥਾਂ ਉੱਤੇ ਬਲ ਦਿੰਦਾ ਹੈ। ਇਹੀ ਕਾਰਣ ਹੈ ਕਿ ਸੂਫ਼ੀ ਲਹਿਰ ਧਾਰਮਿਕ ਕਰਮ-ਕਾਂਡ ਅਤੇ ਦਿਖਾਵੇ ਦੇ ਵਿਰੋਧ ਵਿਚ ਸਾਮ੍ਹਣੇ ਆਈ ਹੈ। ਇਸਦਾ ਵਿਕਾਸ-ਰੁਖ ਸ਼ਰੀਅਤ ਤੋ ਤਰੀਕਤ ਵਲ ਹੈ ਅਤੇ ਇਸਦੀ ਆਖਰੀ ਮੰਜ਼ਿਲ ਮਾਰਫ਼ਤ ਤੇ ਹਕੀਕਤ ਮੰਨੀ ਗਈ ਹੈ।

ਇਸ ਤਰ੍ਹਾਂ ਬਾਬਾ ਫਰੀਦ ਮੱਧਕਾਲੀਨ ਭਾਰਤ ਦੇ ਉਨ੍ਹਾਂ ਕ੍ਰਾਂਤੀਕਾਰੀ ਧਰਮ-ਪ੍ਰਵਰਤਕਾਂ ਵਿਚੋਂ ਹਨ ਜਿਨ੍ਹਾਂ ਨੇ ਆਮ ਲੋਕਾਈ ਦੇ ਦੁੱਖ ਦਰਦ ਨੂੰ ਅਨੁਭਵ ਕਰਦਿਆਂ ਆਪਣੀ ਬਾਣੀ ਅਤੇ ਆਪਣੇ ਕਲਾਮ ਰਾਹੀਂ ਅਜਿਹਾ ਰੂਹਾਨੀ ਸੰਦੇਸ਼ ਦਿੱਤਾ ਜਿਹੜਾ ਬੰਦੇ ਅਤੇ ਖ਼ੁਦਾ ਦੀ ਏਕਤਾ ਅਤੇ ਅਭੇਦਤਾ ਦਾ ਅਹਿਸਾਸ ਜਗਾਉਂਦਾ ਹੈ ਅਤੇ ਇਸ਼ਕ ਹਕੀਕੀ ਜਾਂ ਪ੍ਰੇਮ-ਭਗਤੀ ਦੇ ਹਵਾਲੇ ਨਾਲ ਮਨੁੱਖ-ਮਾਤਰ ਨੂੰ ਸਰਬ-ਸਾਂਝ ਦੇ ਸੂਤਰ ਵਿਚ ਪ੍ਰੋਣ ਵਲ ਰੁਚਿਤ ਹੈ। ਇਹ ਭਿੰਨ-ਭਿੰਨ ਧਰਮਾਂ, ਫ਼ਿਰਕਿਆਂ ਅਤੇ ਜਾਤ-ਬਰਾਦਰੀਆਂ ਨੂੰ ਪਰਸਪਰ ਵੈਰ-ਵਿਰੋਧ ਅਤੇ ਟਕਰਾਉ ਦੇ ਰਾਹ ਪੈਣ ਤੋਂ ਰੋਕਦਾ ਹੈ ਅਤੇ ਸਦਭਾਵਨਾ, ਸੁਹਿਰਦਤਾ ਅਤੇ ਸਹਿਨਸ਼ੀਲਤਾ ਦਾ ਸੰਦੇਸ਼ ਸੰਚਾਰਿਤ ਕਰਦਾ ਹੈ। ਅਜੋਕੇ ਦੌਰ ਵਿਚ ਧਾਰਮਿਕ ਮੂਲਵਾਦ ਅਤੇ ਸਭਿਅਤਾਵਾਂ ਦੇ ਟਕਰਾਉ ਵਲ ਵਧ ਰਹੀ ਮਾਨਵਤਾ ਨੂੰ ਇਸੇ ਕਿਸਮ ਦੀ ਰਾਹਨੁਮਾਈ ਦੀ ਜ਼ਰੂਰਤ ਹੈ। ਇਸੇ ਲਈ ਸ਼ਾਂਤਮਈ ਸਹਿ-ਹੋਂਦ ਅਤੇ ਇਨਸਾਨ-ਦੋਸਤੀ ਦਾ ਪੈਗ਼ਾਮ ਦੇਣ ਵਾਲਾ ਇਹ ਰੂਹਾਨੀ ਪ੍ਰਵਚਨ ਅੱਜ ਹੋਰ ਵੀ ਵਧੇਰੇ ਸਾਰਥਕ ਤੇ ਪ੍ਰਾਸੰਗਿਕ ਦਿਖਾਈ ਦਿੰਦਾ ਹੈ।